# ਦਫ਼ਤਰ, ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰਾਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਿਟੀ, ਪੰਜਾਬ।

ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ:172-2623006, 2623207, 2620106, 2621104,2631104,ਫੈਕਸ:0172-2624687 ਈ-ਮੇਲ: ssapunjab123@gmail.com

ਵੱਲ:

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐਸਿ),

ਪੰਜਾਬ।

ਮੀਮੋ ਨੰ: 9/5-2010/SSA/FTB/ 39574
ਮਿਤੀ,ਚੰਡੀਗੜ੍ਹ:31-5-10

**ਵਿਸਾ: ਵਿੱਦਿਅਕ ਸਾਲ 2010-11 ਲਈ ਕਿਤਾਬਾਂ ਤੋਂ ਵਿਰਵੇ ਵਿਦਿਆਰਥੀਆਂ ਲਈ ਸਕੂਲਾਂ ਦੀ ਮੰਗ ਅਨੁਸਾਰ ਪੁਸਤਕਾਂ ਪ੍ਰਾਪਤ ਕਰਨ ਸਬੰਧੀ।**

**ਹਵਾਲਾ:** ਇਸ ਦਫ਼ਤਰ ਦੇ ਪੱਤਰ ਮੀਮੋ ਨੰ: 9/5-2010/SSA/FTB/ 35481 ਮਿਤੀ, ਚੰਡੀਗੜ੍ਹ:4-5-10ਦੇ ਹਵਾਲੇ ਵਿੱਚ।

1.0 ਉਪਰੋਕਤ ਵਿਸ਼ੇ ਅਤੇ ਹਵਾਲੇ ਵੱਲ ਧਿਆਨ ਦੇਣ ਦੀ ਕ੍ਰਿਪਾਲਤਾ ਕਰੋ ਜੀ।

2.0 ਆਪ ਜੀ ਤੋਂ ਪ੍ਰਾਪਤ ਸੂਚਨਾ ਅਨੁਸਾਰ ਸਕੂਲਾਂ ਵਿੱਚ ਪਿਛਲੇ ਸਾਲ ਨਾਲੋਂ ਵਿਦਿਆਰਥੀਆਂ ਦੀ ਗਿਣਤੀ ਵਿੱਚ ਵਾਧਾ ਹੋਇਆ ਹੈ, ਇਸ ਲਈ ਇਹਨਾਂ ਵਿਦਿਆਰਥੀਆਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜ਼ਲਦ ਤੋਂ ਜ਼ਲਦ ਪੁਸਤਕਾਂ ਮੁਹੱਈਆ ਕਰਵਾਈਆਂ ਜਾਣੀਆਂ ਹਨ ਅਤੇ ਇਸ ਸਬੰਧੀ ਚੇਅਰਮੈਨ ਪੰਜਾਬ ਸਕੂਲ ਸਿੱਖਿਆ ਬੋਰਡ ਮੁਤਾਬਿਕ ਜੂਨ ਦੀਆਂ ਛੁੱਟੀਆਂ ਦੌਰਾਨ ਲੋੜੀਂਦੀਆਂ ਕਿਤਾਬਾਂ ਸਕੂਲ ਪੱਧਰ ਤੱਕ ਪੁੱਜਦੀਆਂ ਕਰਨ ਦਾ ਵਾਅਦਾ ਕੀਤਾ ਹੈ।

3.0 ਇਸ ਸਬੰਧੀ ਜ਼ਿਲ੍ਹਾ ਕੋਆਰਡੀਨੇਟਰ (ਟੈਕ.ਬੁਕਸ) ਪੰਜਾਬ ਸਕੂਲ ਸਿੱਖਿਆ ਬੋਰਡ ਦੇ ਖੇਤਰੀ ਡਿਪੂ ਮੈਨੇਜ਼ਰਾਂ ਨਾਲ ਰਾਬਤਾ ਕਾਇਮ ਕਰਕੇ ਸਬੰਧਤ ਸਕੂਲਾਂ ਨੂੰ ਸੂਚਿਤ ਕਰਨਗੇ ਅਤੇ ਸਕੂਲਾਂ ਦੀ ਮੰਗ ਅਨੁਸਾਰ ਛੁੱਟੀਆਂ ਖ਼ਤਮ ਹੋਣ ਤੋਂ ਪਹਿਲਾਂ-ਪਹਿਲਾਂ ਸਾਰੇ ਵਿਦਿਆਰਥੀਆਂ (ਅਨੁਸੂਚਿਤ ਅਤੇ ਗ਼ੈਰ ਅਨੁਸੂਚਿਤ) ਨੂੰ ਲੋੜੀਂਦੀਆਂ ਕਿਤਾਬਾਂ ਦੀ ਸਪਲਾਈ ਯਕੀਨੀ ਬਣਾਈ ਜਾਵੇ।

4.0 ਇਸ ਲਈ ਆਪ ਜੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਕੂਲਾਂ ਦੀ ਮੰਗ ਅਨੁਸਾਰ ਲੋੜੀਂਦੀਆਂ ਕਿਤਾਬਾਂ ਦੀ ਸਪਲਾਈ ਪੰਜਾਬ ਸਕੂਲ ਸਿੱਖਿਆ ਬੋਰਡ ਮੁਤਾਬਿਕ ਜੂਨ ਦੀਆਂ ਛੁੱਟੀਆਂ ਦੌਰਾਨ ਕੀਤੀ ਜਾਵੇਗੀ ਅਤੇ ਸਕੂਲ ਮੁਖੀ, ਜਾਂ ਨਾਨ ਟੀਚਿੰਗ ਸਟਾਫ਼ ਦੀ ਡਿਊਟੀ

ਲਾਈ ਜਾਵੇ ਜੋ ਛੁੱਟੀਆਂ ਦੌਰਾਨ ਸਕੂਲ ਵਿੱਚ ਹਾਜਰ ਰਹਿ ਕੇ ਮੰਗ ਅਨੁਸਾਰ ਕਿਤਾਬਾਂ ਪ੍ਰਾਪਤ ਕਰ ਲੈਣ।ਜੇਕਰ ਸੰਭਵ ਹੋਵੇ ਤਾਂ ਵਿਦਿਆਰਥੀਆਂ ਦੀ ਪੜ੍ਹਾਈ ਦੇ ਸਨਮੁੱਖ ਉਹਨਾਂ ਨੂੰ ਸਕੂਲ ਸੱਦ ਕੇ ਜਾਂ ਉਹਨਾਂ ਦੇ ਘਰ ਤੱਕ ਕਿਤਾਬਾਂ ਅੱਪੜਦੀਆਂ ਕਰ ਦਿੱਤੀਆਂ ਜਾਣ ਜੀ।

5.0 ਉਪਰੋਕਤ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ ਜੀ।

**ਡੀ.ਜੀ.ਐੱਸ.ਈ.-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ, ਚੰਡੀਗੜ੍ਹ।**

ਪਿਠ ਅੰਕਣ ਨੰ:-ਉਕਤ- ਮਿਤੀ, ਚੰਡੀਗੜ੍ਹ: 31-5-10

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਉਹਨਾਂ ਦੀ ਜਾਣਕਾਰੀ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਚੇਅਰਮੈਨ,ਪੰਜਾਬ ਸਕੂਲ ਸਿੱਖਿਆ ਬੋਰਡ,ਸਾਹਿਬਜ਼ਾਦਾ ਅਜੀਤ ਸਿੰਘ ਨਗਰ।
2. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਸਿ)।

**ਡੀ.ਜੀ.ਐੱਸ.ਈ.-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ, ਚੰਡੀਗੜ੍ਹ।**